ਮਿਤੀ 05-07-2022

# ਪ੍ਰੈਸ ਨੋਟ

**ਜਿਲ੍ਹਾ ਪੁਲਿਸ ਫਿਰੋਜ਼ਪੁਰ ਵੱਲੋਂ ਨਸ਼ਿਆ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ 02 ਨਸ਼ਾ ਤਸਕਰਾਂ ਨੂੰ ਕਾਬੂ ਕਰਕੇ ਉਸ ਪਾਸੋਂ 5000 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ**

ਪੰਜਾਬ ਸਰਕਾਰ ਵੱਲੋਂ ਨਸ਼ਿਆ ਵਿਰੁੱਧ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਮਾਨਯੋਗ ਡਿਪਟੀ ਇੰਸਪੈਕਟਰ ਜਨਰਲ ਆਫ ਪੁਲਿਸ, ਫਿਰੋਜ਼ਪੁਰ ਰੇਂਜ਼, ਫਿਰੋਜ਼ਪੁਰ ਜੀ ਵੱਲੋਂ ਜ਼ਾਰੀ ਦਿਸ਼ਾ-ਨਿਰਦੇਸ਼ਾ ਅਨੁਸਾਰ ਸ਼੍ਰੀ ਚਰਨਜੀਤ ਸਿੰਘ ਆਈ.ਪੀ.ਐੱਸ., ਸੀਨੀਅਰ ਕਪਤਾਨ ਪੁਲਿਸ, ਫਿਰੋਜ਼ਪੁਰ ਜੀ ਦੀ ਅਗਵਾਈ ਹੇਠ ਜਿਲ੍ਹਾ ਫਿਰੋਜ਼ਪੁਰ ਵਿੱਚ ਨਸ਼ਿਆ ਨੂੰ ਠੱਲ ਪਾਉਣ ਲਈ ਜਿਲ੍ਹਾ ਪੁਲਿਸ ਵੱਲੋਂ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ, ਜਿਸ ਤਹਿਤ ਸ਼੍ਰੀ ਗੁਰਬਿੰਦਰ ਸਿੰਘ ਪੀ.ਪੀ.ਐੱਸ, ਕਪਤਾਨ ਪੁਲਿਸ, ਇੰਨਵੈਸਟੀਗੇਸ਼ਨ, ਫਿਰੋਜ਼ਪੁਰ ਅਤੇ ਸ਼੍ਰੀ ਸੰਦੀਪ ਸਿੰਘ, ਪੀ.ਪੀ.ਐੱਸ., ਉਪ ਕਪਤਾਨ ਪੁਲਿਸ (ਸ:ਡ), ਜੀਰਾ ਦੀ ਨਿਗਰਾਨੀ ਹੇਠ ਟੀਮਾਂ ਬਣਾਈਆ ਗਈਆ ਸਨ। ਜਿੰਨਾਂ ਵਿੱਚੋਂ ਇੰਸਪੈਕਟਰ ਨਵਦੀਪ ਸਿੰਘ, ਇੰਚਾਰਜ਼ ਸੀ.ਆਈ.ਏ ਸਟਾਫ, ਜੀਰਾ ਦੀ ਟੀਮ ਨੂੰ ਉਸ ਸਮੇਂ ਭਾਰੀ ਸਫਲਤਾ ਮਿਲੀ ਜਦੋਂ ਮਿਤੀ 04-07-2022 ਨੂੰ ਐਸ.ਆਈ ਜਸਵਿੰਦਰ ਪਾਲ ਸਿੰਘ ਸਮੇਤ ਪੁਲਿਸ ਪਾਰਟੀ ਦੌਰਾਨੇ ਗਸ਼ਤ ਬੱਸ ਸਟੈਂਡ ਜੀਰਾ ਤੋਂ ਮੱਖੂ ਨੂੰ ਜਾ ਰਹੇ ਸੀ ਤਾਂ ਜਦੋਂ ਪੁਲਿਸ ਪਾਰਟੀ ਕੋਰਟ ਕੰਪਲੈਕਸ ਜ਼ੀਰਾ ਪਾਸ ਪੁੱਜੀ ਤਾਂ ਇੱਕ ਕਾਰ ਆਈ-20 ਨੰਬਰੀ PB-46-AG-9692 ਨੂੰ ਸ਼ੱਕ ਦੀ ਬਿਨਾਅ ਪਰ ਰੋਕਿਆ ਜਿਸ ਵਿੱਚ ਅਮਰਿੰਦਰ ਸਿੰਘ, ਸੁਖਜਿੰਦਰ ਸਿੰਘ ਪੁੱਤਰਾਨ ਗੁਰਚਰਨ ਸਿੰਘ ਵਾਸੀ ਸੰਘਵਾਂ ਤਹਿਸੀਲ ਪੱਟੀ, ਜਿਲ੍ਹਾ ਤਰਨਤਾਰਨ ਸਵਾਰ ਸਨ। ਸ਼੍ਰੀ ਸੰਦੀਪ ਸਿੰਘ, ਉਪ ਕਪਤਾਨ ਪੁਲਿਸ (ਸ:ਡ), ਜੀਰਾ ਦੀ ਨਿਗਰਾਨੀ ਹੇਠ ਕਾਰ ਦੀ ਤਲਾਸ਼ੀ ਲੈਣ ਪਰ ਗੱਡੀ ਵਿੱਚੋਂ 5000 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ। ਜਿਸਤੇ ਮੁਕੱਦਮਾਂ ਨੰਬਰ 65 ਮਿਤੀ 04-07-2022 ਅ/ਧ 22/61/85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਜੀਰਾ ਦਰਜ਼ ਕੀਤਾ ਗਿਆ। ਜਿਹਨਾਂ ਨੂੰ ਪੇਸ਼ ਅਦਾਲਤ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ ਅਤੇ ਪੁੱਛਗਿੱਛ ਕੀਤੀ ਜਾਵੇਗੀ।

ਮੁਕੱਦਮਾਂ ਨੰਬਰ 65 ਮਿਤੀ 04-07-2022 ਅ/ਧ 22/61/85 ਐਨ.ਡੀ.ਪੀ.ਐਸ ਐਕਟ ਥਾਣਾ ਸਿਟੀ ਜੀਰਾ।

**ਬਨਾਮ** : - 1) ਅਮਰਿੰਦਰ ਸਿੰਘ,
2) ਸੁਖਜਿੰਦਰ ਸਿੰਘ ਪੁੱਤਰਾਨ ਗੁਰਚਰਨ ਸਿੰਘ ਵਾਸੀ ਸੰਘਵਾਂ ਤਹਿਸੀਲ ਪੱਟੀ, ਜਿਲ੍ਹਾ ਤਰਨਤਾਰਨ।

**ਬ੍ਰਾਮਦਗੀ:** 5000 ਨਸ਼ੀਲੀਆਂ ਗੋਲੀਆਂ ਅਤੇ ਇੱਕ ਆਈ-20 ਕਾਰ ਨੰਬਰੀ PB-46-AG-9692

Scanned by CamScanner